# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਚੋਰੀ ਦੇ 16 ਮੋਟਰਸਾਈਕਲ ਬਰਾਮਦ

ਸ੍ਰੀ ਮੁਕਤਸਰ ਸਾਹਿਬ (                ) ਸ੍ਰੀ ਗੋਰਵ ਯਾਦਵ ਆਈ.ਪੀ.ਐਸ., ਡੀ.ਜੀ.ਪੀ ਪੰਜਾਬ, ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ., ਇੰਸਪੈਕਟਰ ਜਨਰਲ ਪੁਲਿਸ, ਫਰੀਦਕੋਟ ਰੇਂਜ, ਫਰੀਦਕੋਟ ਜੀ ਦੀਆਂ ਹਦਾਇਤਾਂ ਅਤੇ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਮਾੜੇ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਨੂੰ ਉਸ ਵਕਤ ਭਰਵਾਂ ਹੁੰਗਾਰਾਂ ਮਿਲਿਆ ਜਦੋ ਸ੍ਰੀ ਮਨਮੀਤ ਸਿੰਘ ਢਿੱਲੋਂ ਪੀ.ਪੀ.ਐੱਸ. ਕਪਤਾਨ ਪੁਲਿਸ (ਇੰਨਵੈ:) ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀ ਜਸਪਾਲ ਸਿੰਘ ਪੀ.ਪੀ.ਐੱਸ. ਉਪ ਕਪਤਾਨ ਪੁਲਿਸ (ਇੰਨਵੈ:) ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਹੇਠ ਐਸ.ਆਈ ਕੁਲਬੀਰ ਚੰਦ ਇੰਚਾਰਜ ਸੀ.ਆਈ.ਏ-2 ਮਲੋਟ ਅਤੇ ਪੁਲਿਸ ਪਾਰਟੀ ਵੱਲੋਂ 01 ਵਿਅਕਤੀ ਨੂੰ ਕਾਬੂ ਕਰਕੇ, ਚੋਰੀ ਦੇ 16 ਮੋਟਰਸਾਈਕਲ ਬਰਾਮਦ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ।

ਜਾਣਕਾਰੀ ਅਨੁਸਾਰ ਜਦ ਸੀ.ਆਈ.ਏ ਸਟਾਫ-2 ਮਲੋਟ ਦੀ ਪੁਲਿਸ ਪਾਰਟੀ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਮਲੋਟ ਡੱਬਵਾਲੀ ਰੋਡ ਪਿੰਡ ਮਹਿਣਾ ਦੇ ਨਜ਼ਦੀਕ ਮੌਜੂਦ ਸੀ ਤਾਂ ਇੱਕ ਭਰੋਸੇਯੋਗ ਇਤਲਾਹ ਮਿਲੀ ਸੀ ਕਿ ਸੁਰਿੰਦਰ ਸਿੰਘ ਉਰਫ ਡਾਵਰ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਮਹਿਣਾ ਜੋ ਕਿ ਆਸ ਪਾਸ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ ਜਿਸ ਤੇ ਪੁਲਿਸ ਵੱਲੋਂ ਉਸ ਖਿਲਾਫ ਮੁਕਦਮਾ ਨੰਬਰ 31 ਮਿਤੀ 06.03.2024 ਅ/ਧ 379,411 ਹਿੰ.ਦੰ. ਥਾਣਾ ਲੰਬੀ ਦਰਜ ਕਰਕੇ ਅਗਲੀ ਤਫਤੀਸ਼ ਸ਼ੁਰੂ ਕੀਤੀ ਗਈ। ਪੁਲਿਸ ਟੀਮ ਵੱਲੋਂ ਇਸ ਸਬੰਧੀ ਤੁਰੰਤ ਕਾਰਵਾਈ ਕਰਦੇ ਹੋਇਆ ਸੁਰਿੰਦਰ ਸਿੰਘ ਉਰਫ ਡਾਵਰ ਨੂੰ ਕਾਬੂ ਕੀਤਾ ਗਿਆ ਜਿਸ ਨੇ ਮੁਢਲੀ ਪੁੱਛ-ਗਿੱਛ ਦੌਰਾਨ ਮੰਨਿਆ ਕਿ ਉਹ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ ਅਤੇ ਉਸ ਵੱਲੋਂ ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਹੋਰ ਕਈ ਜਿਲ੍ਹਿਆਂ ਚੋਂ ਮੋਟਰਸਾਈਕਲ ਚੋਰੀ ਕਰਕੇ, ਆਪਣੇ ਘਰ ਵਿੱਚ ਛੁਪਾ ਕੇ ਰੱਖੇ ਹੋਏ ਹਨ। ਪੁਲਿਸ ਟੀਮ ਵੱਲੋਂ ਦੋਸ਼ੀ ਸੁਰਿੰਦਰ ਸਿੰਘ ਦੀ ਨਿਸ਼ਾਨਦੇਹੀ ਪਰ ਉਸ ਦੇ ਘਰ ਵਿੱਚੋਂ ਚੋਰੀ ਦੇ 16 ਮੋਟਰਸਾਈਕਲ ਬਰਾਮਦ ਕਰਵਾ ਲਏ ਗਏ ਹਨ। ਮੁਕੱਦਮਾ ਦੀ ਤਫਤੀਸ਼ ਹੋਰ ਡੂੰਘਾਈ ਨਾਲ ਕੀਤੀ ਜਾ ਰਹੀ ਹੈ।